**ENGLISH VERSION OF PUNJABI SCRIPT**
Executive Engineer, Construction Division No. 2
Public Works Department (B&R) Branch, Bathinda.
Phone & Tax 0164-2212428 email-xenc2bti@gmail.com

Memo No:895 Date: 03/05/26

To

Principal
B.G.N Adarsh Public School
Shergarh Distt Bathinda

Subject : Regarding issue of Building Safety Certificate (Year 2026-27)

Reference :Your letter No. BGN/BTI/2026-27/01 dated 02.04.2026

In connection with the above subject and reference, you have received a letter from this office requesting you to obtain Building Safety Certificate for the year 2026-27 of the school building mentioned above. Your school building was visually inspected by the Sub Divisional Engineer's office and as per their report/recommendation, the School Building Safety Certificate for the year 2026-27 is issued up to 31.03.2027 subject to the following inspection and conditions.

1. The school should have a plan to deal with any untoward incident, which should include a plan for the safe evacuation of children from the building during an emergency and coordination with the concerned department. The school should keep reviewing and updating this plan regularly to ensure its effectiveness.
2. If any addition, change, expansion and modification is required or is to be made by the school in this building, then an immediate inspection of this office should be arranged and its safety certificate should be obtained again from this office after completing that part.
3. If the walls, foundations and roofs of the building sink due to natural calamity or any other reason, then in this case the school should immediately inform this office about the condition of the building and the building should be used only after getting it inspected.
4. Fire Safety Certificate, Electrical Safety Certificate should be obtained separately from the concerned department.
5. Keeping the safety of the school building in mind, it is the responsibility of the school management to get the building repaired. Despite this report, the school management is responsible for the safety of the building in all aspects.
6. Dream House. Bansal & Associates, Bathinda has given a structural safety certificate vide letter no. 30 dated 01.04.2026 and as per their certificate, the school is safe for use for the session 2026-27, but this school has not been constructed by this department, hence the safety of the structure of the school, especially from the point of view of earthquake, cannot be ensured by this department.
7. The school staff members should be provided with adequate safety training, including procedures to handle emergency first aid and evacuation protocols.
8. Ten Thousand Rupees (10,000/-) received as Building Inspection Fee vide G.R. No. 1745263 dated 02.04.2026 as per the covered area of the school.
9. This report is not valid for legal purposes.

Attachment/Case

Attested the Translation from Punjabi/Hindi to English

Sd/-
**Executive Engineer**
**Construction Division No. 2 B&R Branch**
**Bathinda.**

**Endst No.** ........................ **Dated** ........................

A copy of the above is sent to the Sub Divisional Engineer, Construction Sub Division No. 3 Building & Roads, Bathinda with reference to his letter No. 1608 dated 04.05.2026, stating that keeping in view your recommendation, Building Safety Certificate is issued to the said school.

Attested As ... RAJINDER KUMAR GARG ... /Advocate ... of India ... Appointed ... Distt Co... Bathinda
7 MAY 2026

Sd/-
**Executive Engineer**
**Construction Division No. 2 B&R Branch**
**Bathinda.**

# ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ:2

## ਲੋਕ ਨਿਰਮਾਣ ਵਿਭਾਗ (ਭ ਤੇ ਮ) ਸ਼ਾਖਾ, ਬਠਿੰਡਾ।

ਫੋਨ ਅਤੇ ਫੈਕਸ: 0164-2212428 email: - xenc2bti@gmail.com

ਮੀਮੋ ਨੰ: 895 ਮਿਤੀ: 05/05/26

ਵੱਲ

Principal
B.G.N Adarsh Public School
Shergarh Distt Bathinda

**ਵਿਸ਼ਾ** **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ (ਸਾਲ 2026-27)**
ਹਵਾਲਾ ਆਪ ਦਾ ਪੱਤਰ ਨੰ.BGN/BTI/2026-27/01 ਮਿਤੀ 02.04.2026 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਅਤੇ ਹਵਾਲੇ ਅਧੀਨ ਪੱਤਰ ਰਾਹੀਂ ਆਪ ਵੱਲੋਂ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਕੇਸ ਸਾਲ 2026-27 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦੇ ਸਕੂਲ ਦੀ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2027 ਤੱਕ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀ ਘਟਨਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਸਰਟੀਫਿਕੇਟ, ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੇ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
6. Dream House, Bansal & Associates, Bathinda ਵੱਲੋਂ ਪੱਤਰ ਨੰ. 30 ਮਿਤੀ 01.04.2026 ਨੂੰ ਸਟਰਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2026-27 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ। ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।
7. ਸਕੂਲ ਦੇ ਸਟਾਫ ਮੈਂਬਰਾਂ ਨੂੰ ਉੱਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿਚ ਐਮਰਜੈਂਸੀ ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।
8. ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰ: 1745263 ਮਿਤੀ 02.04.2026 ਰਾਹੀਂ ਦਸ ਹਜ਼ਾਰ ਰੁਪਏ (10,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ।
9. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

ਨੱਥੀ/ਕੇਸ

ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਨੰ:2 ਭਤੇਮ ਸ਼ਾਖਾ
ਬਠਿੰਡਾ।

ਪਿੱਠ ਅੰਕਣ:-........................ ਮਿਤੀ:-........................

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ,ਉਸਾਰੀ ਉਪ ਮੰਡਲ ਨੰ. 3 ਭਤੇਮ ਸ਼ਾਖਾ, ਬਠਿੰਡਾ ਨੂੰ ਉਹਨਾਂ ਦੇ ਪੱਤਰ ਨੰ. 1608 ਮਿਤੀ 04.05.2026 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

ਸਹੀ/-
ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਨੰ:2 ਭਤੇਮ ਸ਼ਾਖਾ
ਬਠਿੰਡਾ।